ਬਸੰਤੁ ਹਿੰਡੋਲ ਮਹਲਾ ੪ ॥ ਆਵਣ ਜਾਣੁ ਭਇਆ ਦੁਖੁ ਬਿਖਿਆ ਦੇਹ ਮਨਮੁਖ ਸੁੰਞੀ ਸੁੰਞੁ ॥ ਰਾਮ ਨਾਮੁ ਖਿਨੁ ਪਲੁ ਨਹੀ ਚੇਤਿਆ ਜਮਿ ਪਕਰੇ ਕਾਲਿ ਸਲੁੰਞੁ ॥੧॥ ਗੋਬਿੰਦ ਜੀਉ ਬਿਖੁ ਹਉਮੈ ਮਮਤਾ ਮੁੰਞੁ ॥ ਸਤਸੰਗਤਿ ਗੁਰ ਕੀ ਹਰਿ ਪਿਆਰੀ ਮਿਲਿ ਸੰਗਤਿ ਹਰਿ ਰਸੁ ਭੁੰਞੁ ॥ ੧॥ ਰਹਾਉ ॥ ਸਤਸੰਗਤਿ ਸਾਧ ਦਇਆ ਕਰਿ ਮੇਲਹੁ ਸਰਣਾਗਤਿ ਸਾਧੂ ਪੰਞੁ ॥ ਹਮ ਡੁਬਦੇ ਪਾਥਰ ਕਾਢਿ ਲੇਹੁ ਪ੍ਰਭ ਤੁਮ੍ ਦੀਨ ਦਇਆਲ ਦੁਖ ਭੰਞੁ ॥ ੨॥ ਹਰਿ ਉਸਤਤਿ ਧਾਰਹੁ ਰਿਦ ਅੰਤਰਿ ਸੁਆਮੀ ਸਤਸੰਗਤਿ ਮਿਲਿ ਬੁਧਿ ਲੰਞੁ ॥ ਹਰਿ ਨਾਮੈ ਹਮ ਪ੍ਰੀਤਿ ਲਗਾਨੀ ਹਮ ਹਰਿ ਵਿਟਹੁ ਘੁਮਿ ਵੰਞੁ ॥੩॥ ਜਨ ਕੇ ਪੂਰਿ ਮਨੋਰਥ ਹਰਿ ਪ੍ਰਭ ਹਰਿ ਨਾਮੁ ਦੇਵਹੁ ਹਰਿ ਲੰਞੁ ॥ ਜਨ ਨਾਨਕ ਮਨਿ ਤਨਿ ਅਨਦੁ ਭਇਆ ਹੈ ਗੁਰਿ ਮੰਤ੍ਰੁ ਦੀਓ ਹਰਿ ਭੰਞੁ ॥੪॥੫॥੭॥੧੨॥੧੮॥੭॥੩੭॥ {ਪੰਨਾ 1179}

ਪਦਅਰਥ:- ਆਵਣ ਜਾਣੁ—ਜਨਮ ਮਰਨ ਦਾ ਗੇੜ। ਬਿਖਿਆ—ਮਾਇਆ (ਦੇ ਮੋਹ ਦੇ ਕਾਰਨ)। ਦੇਹ—ਸਰੀਰ। ਮਨਮੁਖ ਦੇਹ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਸਰੀਰ। ਸੁੰਞੀ—(ਕਾਇਆਂ ਨਾਮ ਤੋਂ) ਸੱਖਣੀ। ਸੁੰਞੁ—(ਨਾਮ ਵਲੋਂ) ਸੱਖਣਾ-ਪਨ। ਜਮਿ—ਜਮ ਨੇ। ਕਾਲਿ—ਕਾਲ ਨੇ, ਮੌਤ ਨੇ, ਆਤਮਕ ਮੌਤ ਨੇ। ਸਲੁੰਞੁ—ਕੇਸਾਂ ਸਮੇਤ, ਕੇਸਾਂ ਤੋਂ।1।

ਗੋਬਿੰਦ ਜੀਉ—ਹੇ ਗੋਬਿੰਦ ਜੀ! {ਸੰਬੋਧਨ}। ਬਿਖੁ—ਆਤਮਕ ਮੌਤ ਲਿਆਉਣ ਵਾਲਾ ਜ਼ਹਰ। ਮਮਤਾ—ਅਪਣੱਤ। ਮੁੰਞੁ—ਦੂਰ ਕਰ। ਮਿਲਿ—ਮਿਲ ਕੇ। ਭੁੰਞੁ—ਮੈਂ ਭੁੰਚਾਂ, ਮੈਂ ਮਾਣਾਂ।1। ਰਹਾਉ।

ਸਤ ਸੰਗਤਿ ਸਾਧ—ਗੁਰੂ ਦੀ ਸਤ ਸੰਗਤਿ। ਕਰਿ—ਕਰ ਕੇ। ਸਾਧੂ—ਗੁਰੂ। ਪੰਞੁ—ਮੈਂ ਪਿਆ ਰਹਾਂ। ਪ੍ਰਭ—ਹੇ ਪ੍ਰਭੂ! ਦੁਖ ਭੰਞੁ—ਦੁੱਖਾਂ ਦਾ ਨਾਸ ਕਰਨ ਵਾਲਾ।2।

ਉਸਤਤਿ—ਸਿਫ਼ਤਿ-ਸਾਲਾਹ। ਰਿਦ ਅੰਤਰਿ—(ਮੇਰੇ) ਹਿਰਦੇ ਵਿਚ। ਸੁਆਮੀ—ਹੇ ਸੁਆਮੀ! ਬੁਧਿ—(ਮੇਰੀ) ਅਕਲ। ਲੰਞੁ—ਰੌਸ਼ਨ ਹੋ ਜਾਏ। ਹਰਿ ਨਾਮੈ—ਹਰਿ-ਨਾਮ ਵਿਚ। ਵਿਟਹੁ—ਤੋਂ। ਘੁਮਿ ਵੰਞੁ—ਮੈਂ ਸਦਕੇ ਜਾਂਦਾ ਹਾਂ।3।

ਪੂਰਿ—ਪੂਰੇ ਕਰ। ਹਰਿ ਪ੍ਰਭ—ਹੇ ਹਰੀ! ਹੇ ਪ੍ਰਭੂ! ਲੰਞੁ—(ਆਤਮਕ) ਚਾਨਣ। ਮਨਿ—ਮਨ ਵਿਚ। ਤਨਿ—ਤਨ ਵਿਚ। ਗੁਰਿ—ਗੁਰੂ ਨੇ। ਹਰਿ ਭੰਞੁ—ਹਰਿ-ਭਜਨ, ਹਰਿ-ਨਾਮ।4।

ਅਰਥ:- ਹੇ (ਮੇਰੇ) ਗੋਬਿੰਦ ਜੀ! (ਮੇਰੇ ਅੰਦਰੋਂ ਆਤਮਕ ਮੌਤ ਲਿਆਉਣ ਵਾਲੀ) ਹਉਮੈ ਅਤੇ ਮਮਤਾ ਦੀ ਜ਼ਹਰ ਦੂਰ ਕਰ। ਹੇ ਹਰੀ! ਸਾਧ ਸੰਗਤਿ ਤੇਰੀ ਪਿਆਰੀ ਹੈ ਗੁਰੂ ਦੀ ਪਿਆਰੀ ਹੈ। (ਮਿਹਰ ਕਰ) ਮੈਂ ਸਾਧ ਸੰਗਤਿ ਵਿਚ ਮਿਲ ਕੇ ਤੇਰੇ ਨਾਮ ਦਾ ਰਸ ਮਾਣਦਾ ਰਹਾਂ।1। ਰਹਾਉ।

ਹੇ ਭਾਈ! ਮਾਇਆ (ਦੇ ਮੋਹ) ਦੇ ਕਾਰਨ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦਾ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ ਉਹਨਾਂ ਨੂੰ ਕਲੇਸ਼ ਵਾਪਰਿਆ ਰਹਿੰਦਾ ਹੈ, ਉਹਨਾਂ ਦਾ ਸਰੀਰ ਨਾਮ ਤੋਂ ਸੱਖਣਾ ਰਹਿੰਦਾ ਹੈ, ਉਹਨਾਂ ਦੇ ਅੰਦਰ ਨਾਮ ਵਲੋਂ ਸੁੰਞ ਬਣੀ ਰਹਿੰਦੀ ਹੈ। ਉਹ ਮਨੁੱਖ ਪਰਮਾਤਮਾ ਦਾ ਨਾਮ ਇਕ ਖਿਨ ਲਈ ਇਕ ਪਲ ਲਈ ਭੀ ਯਾਦ ਨਹੀਂ ਕਰਦੇ। ਆਤਮਕ ਮੌਤ ਨੇ ਹਰ ਵੇਲੇ ਉਹਨਾਂ ਨੂੰ ਸਿਰੋਂ ਫੜਿਆ ਹੋਇਆ ਹੁੰਦਾ ਹੈ।1।

ਹੇ ਪ੍ਰਭੂ! ਮਿਹਰ ਕਰ ਕੇ (ਮੈਨੂੰ) ਗੁਰੂ ਦੀ ਸਤ ਸੰਗਤਿ ਵਿਚ ਮਿਲਾਈ ਰੱਖ, ਮੈਂ ਗੁਰੂ ਦੀ ਸਰਨ (ਸਦਾ) ਪਿਆ ਰਹਾਂ। ਹੇ ਪ੍ਰਭੂ! (ਪਾਪਾਂ ਨਾਲ ਭਾਰੇ) ਪੱਥਰ (ਹੋਏ) ਅਸਾਂ ਜੀਵਾਂ ਨੂੰ (ਪਾਪਾਂ ਵਿਚ) ਡੁੱਬ ਰਿਹਾਂ ਨੂੰ ਕੱਢ ਲੈ। ਹੇ ਪ੍ਰਭੂ ਜੀ! ਤੁਸੀ ਦੀਨਾਂ ਉਤੇ ਦਇਆ ਕਰਨ ਵਾਲੇ ਹੋ, ਤੁਸੀ ਸਾਡੇ ਦੁੱਖ ਨਾਸ ਕਰਨ ਵਾਲੇ ਹੋ।2।

ਹੇ ਹਰੀ! ਹੇ ਸੁਆਮੀ! (ਆਪਣੀ) ਸਿਫ਼ਤਿ-ਸਾਲਾਹ (ਮੇਰੇ) ਹਿਰਦੇ ਵਿਚ ਵਸਾਈ ਰੱਖ। (ਮਿਹਰ ਕਰ) ਤੇਰੀ ਸਾਧ

ਸੰਗਤਿ ਵਿਚ ਮਿਲ ਕੇ (ਮੇਰੀ) ਅਕਲ (ਤੇਰੇ ਨਾਮ ਦੇ ਚਾਨਣ ਨਾਲ) ਰੌਸ਼ਨ ਹੋ ਜਾਏ। ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਮੇਰੀ ਪ੍ਰੀਤ ਬਣ ਗਈ ਹੈ, ਮੈਂ (ਹੁਣ) ਪਰਮਾਤਮਾ ਤੋਂ (ਸਦਾ) ਸਦਕੇ ਜਾਂਦਾ ਹਾਂ।3।

ਹੇ ਹਰੀ! ਹੇ ਪ੍ਰਭੂ! (ਮੈਂ) ਸੇਵਕ ਦੇ ਮਨੋਰਥ ਪੂਰੇ ਕਰ, ਮੈਨੂੰ ਆਪਣਾ ਨਾਮ ਬਖ਼ਸ਼, (ਤੇਰਾ ਨਾਮ ਹੀ ਮੇਰੇ ਵਾਸਤੇ) ਚਾਨਣ (ਹੈ)। ਹੇ ਦਾਸ ਨਾਨਕ! (ਆਖ—ਜਿਸ ਮਨੁੱਖ ਨੂੰ) ਗੁਰੂ ਨੇ ਪਰਮਾਤਮਾ ਦਾ ਨਾਮ-ਮੰਤ੍ਰ ਬਖ਼ਸ਼ਿਆ ਹੈ, ਉਸ ਦੇ ਮਨ ਵਿਚ ਉਸ ਦੇ ਤਨ ਵਿਚ ਆਤਮਕ ਖਿੜਾਉ ਬਣ ਗਿਆ।4।5।7। 37।

ਵੇਰਵਾ ਸ਼ਬਦਾਂ ਦਾ:

ਮਹਲਾ 1 — 12
ਮਹਲਾ 3 — 18
ਮਹਲਾ 4 — 7
. . . . . . —:
. ਜੋੜ . . . 37